19 Oct-CHD-5-8.qxd 10/20/2025 12:54 AM Page 2



## ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਤੋਂ ਗੁਰਬਾਣੀ ਕੀਰਤਨ



**ਰੇਡੀਓ**

ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਕੀਰਤਨ ਵਿਚ **20 ਅਕਤੂਬਰ** ਨੂੰ ਸ਼ਾਮ 4.00 ਤੋਂ 6.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ ਅਤੇ 21 ਅਕਤੂਬਰ** ਨੂੰ ਸਵੇਰੇ 4.00 ਤੋਂ 6.00 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ** 'ਆਸਾ ਦੀ ਵਾਰ' ਦਾ ਕੀਰਤਨ ਕਰਨਗੇ।

**ਪੀ. ਟੀ. ਸੀ.**

ਪੀ. ਟੀ. ਸੀ. ਪੰਜਾਬੀ ਰਾਹੀਂ ਸਿੱਧੇ ਪ੍ਰਸਾਰਿਤ ਹੁੰਦੇ ਪ੍ਰੋਗਰਾਮ ਵਿਚ **20 ਅਕਤੂਬਰ** ਨੂੰ ਸ਼ਾਮ 5.00 ਤੋਂ 7.00 ਵਜੇ ਤੱਕ **ਭਾਈ ਸਿਮਰਨਜੀਤ ਸਿੰਘ**, ਕੀਰਤਨ, ਪਾਠ 'ਰਹਿਰਾਸ ਸਾਹਿਬ' ਉਪਰੰਤ 'ਆਰਤੀ' **ਭਾਈ ਜਗਤਾਰ ਸਿੰਘ ਖ਼** ਤੇ **21 ਅਕਤੂਬਰ** ਨੂੰ ਸਵੇਰੇ 3.45 ਵਜੇ ਤੋਂ 7.45 ਵਜੇ ਤੱਕ **ਭਾਈ ਸਤਿੰਦਰਬੀਰ ਸਿੰਘ ਤੇ ਭਾਈ ਸਾਹਿਬ ਸਿੰਘ** ਕੀਰਤਨ ਕਰਨਗੇ।

**ਐਸ. ਜੀ. ਪੀ. ਸੀ. ਵੈੱਬ ਚੈਨਲ 'ਤੇ ਸਵੇਰੇ 3.45 ਵਜੇ ਤੋਂ 8.30 ਵਜੇ ਤੱਕ, ਦੁਪਹਿਰ 12.30 ਵਜੇ ਤੋਂ 2.20 ਵਜੇ ਤੱਕ ਅਤੇ ਸ਼ਾਮ 6.00 ਵਜੇ ਤੋਂ 8.00 ਵਜੇ ਤੱਕ ਸਿੱਧਾ ਪ੍ਰਸਾਰਨ ਹੁੰਦਾ ਹੈ। ਐਸ. ਜੀ. ਪੀ. ਸੀ. ਦੇ ਮੋਬਾਈਲ ਐਪ ਤੋਂ ਅੰਮ੍ਰਿਤ ਵੇਲੇ ਤੋਂ ਸੁਖ ਆਸਨ ਤੱਕ ਦਾ ਪੂਰਾ ਸਮਾਗਮ ਸੁਣਿਆ ਜਾ ਸਕਦਾ ਹੈ।**

**ਮੁੱਖ ਵਾਕ ਦੀ ਕਥਾ : 20 ਅਕਤੂਬਰ ਅਤੇ 21 ਅਕਤੂਬਰ ਨੂੰ ਭਾਈ ਸਾਹਿਬ ਭਾਈ ਪਿੰਦਰਪਾਲ ਸਿੰਘ ਲੁਧਿਆਣਾ ਗੁ: ਮੰਜੀ ਸਾਹਿਬ ਦੀਵਾਨ ਹਾਲ ਸ੍ਰੀ ਹਰਿਮੰਦਰ ਸਾਹਿਬ ਸਮੂਹ** ਵਿਖੇ ਸਵੇਰੇ 7.45 ਵਜੇ ਤੋਂ 8.30 ਵਜੇ ਤੱਕ ਮੁੱਖ ਵਾਕ ਦੀ ਕਥਾ ਕਰਨਗੇ।





ਦੀਵਾਲੀ ਦੇ ਤਿਉਹਾਰ ਸੰਬੰਧੀ ਸਜੀਆਂ ਹੋਈਆਂ ਮਾਰਕੀਟਾਂ ਵਿਚ ਖ਼ਰੀਦਦਾਰੀ ਕਰਦੇ ਲੋਕ। *ਤਸਵੀਰ : ਗੁਰਿੰਦਰ ਸਿੰਘ*



ਚੰਡੀਗੜ੍ਹ ਸੈਕਟਰ 20 ਦੇ ਮੰਦਰ ਵਿਚ ਸ੍ਰੀ ਹਨੂਮਾਨ ਜੈਅੰਤੀ ਮੌਕੇ ਪੂਜਾ ਅਰਚਨਾ ਕਰਦੇ ਸ਼ਰਧਾਲੂ। *ਤਸਵੀਰ : ਗੁਰਿੰਦਰ ਸਿੰਘ*



ਚੰਡੀਗੜ੍ਹ ਸੈਕਟਰ 22 ਦੇ ਸ੍ਰੀ ਸਨਾਤਨ ਧਰਮ ਮੰਦਰ ਵਿਚ ਸ੍ਰੀ ਹਨੂੰਮਾਨ ਜੈਅੰਤੀ ਮੌਕੇ ਪੂਜਾ ਅਰਚਨਾ ਕਰਦੇ ਸ਼ਰਧਾਲੂ। *ਤਸਵੀਰ : ਗੁਰਿੰਦਰ ਸਿੰਘ*

# ਪੰਜਾਬ ਦੇ ਕਿਸਾਨਾਂ ਲਈ ਕੇਂਦਰ ਵਲੋਂ ਰਾਹਤ ਦੇ ਸੰਕੇਤ

ਚੰਡੀਗੜ੍ਹ, 19 ਅਕਤੂਬਰ (ਸੰਦੀਪ ਕੁਮਾਰ ਮਾਹਨਾ) - ਹੜ੍ਹ ਨਾਲ ਤਬਾਹ ਹੋਈਆਂ ਫ਼ਸਲਾਂ ਕਾਰਨ ਪੰਜਾਬ ਦੇ ਕਿਸਾਨਾਂ ਲਈ ਕੇਂਦਰ ਸਰਕਾਰ ਵਲੋਂ ਰਾਹਤ ਦੇ ਸੰਕੇਤ ਮਿਲ ਰਹੇ ਹਨ। ਸਰਕਾਰ ਇਸ ਸਾਲ ਝੋਨੇ ਦੀ ਖਰੀਦ ਨੀਤੀ 'ਚ ਛੂਟ ਦੇਣ 'ਤੇ ਗੰਭੀਰਤਾ ਨਾਲ ਵਿਚਾਰ ਕਰ ਰਹੀ ਹੈ। ਇਸ ਸਬੰਧੀ ਕੇਂਦਰ ਦੀ 14 ਮੈਂਬਰੀ ਟੀਮ ਨੇ ਸੂਬੇ ਦੇ 19 ਹੜ੍ਹ ਪ੍ਰਭਾਵਿਤ ਜ਼ਿਲ੍ਹਿਆਂ ਦਾ ਦੌਰਾ ਕਰਦੇ ਹੋਏ ਫ਼ਸਲਾਂ ਦੇ ਨਮੂਨੇ ਇਕੱਠੇ ਕੀਤੇ ਹਨ। ਟੀਮ ਵਲੋਂ ਸਰਵੇ ਪੂਰਾ ਕਰ ਲਿਆ ਗਿਆ ਹੈ, ਜਿਸ ਦੀ ਰਿਪੋਰਟ ਕੇਂਦਰ ਸਰਕਾਰ ਨੂੰ ਸੌਂਪੀ ਜਾਵੇਗੀ, ਜਿਸ ਦੇ ਆਧਾਰ 'ਤੇ ਅਗਲਾ ਫ਼ੈਸਲਾ ਲਿਆ ਜਾਵੇਗਾ। ਪੰਜਾਬ ਸਰਕਾਰ ਨੇ 12 ਅਕਤੂਬਰ ਨੂੰ ਕੇਂਦਰੀ ਖੁਰਾਕ ਮੰਤਰਾਲੇ ਨੂੰ ਪੱਤਰ ਭੇਜ ਝੋਨੇ ਦੀ ਖਰੀਦ ਦੇ ਨਿਯਮਾਂ 'ਚ ਛੋਟ ਦੀ ਮੰਗ ਕੀਤੀ ਸੀ। ਸਰਕਾਰ ਨੇ ਆਪਣੇ ਪੱਤਰ 'ਚ ਕਿਹਾ ਸੀ ਕਿ 1987 ਤੋਂ ਬਾਅਦ ਇਹ ਸਭ ਤੋਂ ਵੱਡੀ ਕੁਦਰਤੀ ਆਫ਼ਤ ਹੈ, ਜਿਸ ਨਾਲ ਫ਼ਸਲਾਂ ਨੂੰ ਗੰਭੀਰ ਨੁਕਸਾਨ ਹੋਇਆ ਹੈ।

### ਝੋਨੇ ਦੀ ਖਰੀਦ ਨੀਤੀ 'ਚ ਛੋਟ 'ਤੇ ਵਿਚਾਰ, ਹੜ੍ਹ ਪ੍ਰਭਾਵਿਤ ਖੇਤਰਾਂ ਦਾ ਸਰਵੇ ਹੋਇਆ ਪੂਰਾ

**ਹੜ੍ਹਾਂ ਕਾਰਨ 5 ਲੱਖ ਏਕੜ ਫ਼ਸਲ ਹੋਈ ਸੀ ਤਬਾਹ**

ਹੜ੍ਹ ਅਤੇ ਲਗਾਤਾਰ ਭਾਰੀ ਮੀਂਹ ਕਾਰਨ ਸੂਬੇ 'ਚ ਲਗਭਗ 5 ਲੱਖ ਏਕੜ ਖੇਤੀਬਾੜੀ ਜ਼ਮੀਨ ਦੀ ਫ਼ਸਲ ਪੂਰੀ ਤਰ੍ਹਾਂ ਬਰਬਾਦ ਹੋ ਗਈ ਸੀ, ਜਦਕਿ ਜੋ ਫ਼ਸਲ ਬਚ ਗਈ, ਉਸ ਦੀ ਗੁਣਵੱਤਾ 'ਤੇ ਵੀ ਭਾਰੀ ਅਸਰ ਪਿਆ ਹੈ। ਅਧਿਕਾਰੀਆਂ ਦਾ ਕਹਿਣਾ ਹੈ ਕਿ ਜੇ ਕੇਂਦਰ ਸਰਕਾਰ ਖਰੀਦ ਮਾਪਦੰਡਾਂ 'ਚ ਢਿੱਲ ਦਿੰਦੀ ਹੈ ਤਾਂ ਹਜ਼ਾਰਾਂ ਕਿਸਾਨਾਂ ਨੂੰ ਵੱਡਾ ਆਰਥਿਕ ਲਾਭ ਮਿਲੇਗਾ।

ਜ਼ਿਕਰਯੋਗ ਹੈ ਕਿ ਅਗਸਤ ਮਹੀਨੇ 'ਚ ਆਏ ਹੜ੍ਹਾਂ ਕਾਰਨ ਪੰਜਾਬ ਦੇ ਕਈ ਜ਼ਿਲ੍ਹਿਆਂ 'ਚ ਤਬਾਹੀ ਹੋਈ ਸੀ। ਡੈਮਾਂ 'ਚੋਂ ਛੱਡੇ ਪਾਣੀ ਨਾਲ ਦਰਿਆਵਾਂ 'ਚ ਉਫ਼ਾਨ ਆ ਗਿਆ ਸੀ, ਜਦਕਿ ਸਤੰਬਰ ਮਹੀਨੇ 'ਚ ਵੀ ਹਾਲਾਤ ਗੰਭੀਰ ਰਹੇ। ਇਸ ਤੋਂ ਬਾਅਦ ਕੇਂਦਰੀ ਖੇਤੀਬਾੜੀ ਮੰਤਰੀ ਸ਼ਿਵਰਾਜ ਚੌਹਾਨ ਨੇ 5 ਸਤੰਬਰ ਨੂੰ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਦੌਰਾ ਕੀਤਾ, ਜਦਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 9 ਸਤੰਬਰ ਨੂੰ ਪੰਜਾਬ ਆ ਕੇ 1600 ਕਰੋੜ ਰੁਪਏ ਦੇ ਰੀਲਿਫ਼ ਪੈਕੇਜ ਦਾ ਐਲਾਨ ਕੀਤਾ ਸੀ।

ਦੂਜੇ ਪਾਸੇ, ਪੰਜਾਬ ਸਰਕਾਰ ਵਲੋਂ ਪ੍ਰਤੀ ਏਕੜ 20 ਹਜ਼ਾਰ ਰੁਪਏ ਮੁਆਵਜ਼ਾ ਰਾਸ਼ੀ ਦੇਣ ਦੀ ਪ੍ਰਕਿਰਿਆ ਸ਼ੁਰੂ ਕੀਤੀ ਗਈ ਸੀ, ਜਿਸ ਦੀ ਸ਼ੁਰੂਆਤ ਮੁੱਖ ਮੰਤਰੀ ਭਗਵੰਤ ਮਾਨ ਨੇ ਅਜਨਾਲਾ (ਅੰਮ੍ਰਿਤਸਰ) ਤੋਂ ਕੀਤੀ ਸੀ। ਇਸ ਤੋਂ ਬਾਅਦ ਸੂਬੇ ਦੇ ਕੈਬਨਿਟ ਮੰਤਰੀ ਵੱਖ-ਵੱਖ ਜ਼ਿਲ੍ਹਿਆਂ 'ਚ ਕਿਸਾਨਾਂ ਨੂੰ ਮੁਆਵਜ਼ਾ ਰਾਸ਼ੀ ਵੰਡ ਰਹੇ ਹਨ। ਇਸ ਪੂਰੇ ਮਾਮਲੇ ਨੂੰ ਦੇਖਦੇ ਹੋਏ ਉਮੀਦ ਜਤਾਈ ਜਾ ਰਹੀ ਹੈ ਕਿ ਇਸ ਵਾਰੀ ਕੇਂਦਰ ਸਰਕਾਰ ਵਲੋਂ ਝੋਨੇ ਦੀ ਖਰੀਦ ਦੇ ਨਿਯਮਾਂ 'ਚ ਵਿਸ਼ੇਸ਼ ਰਾਹਤ ਦੇ ਕੇ ਪੰਜਾਬ ਦੇ ਕਿਸਾਨਾਂ ਨੂੰ ਵੱਡੀ ਸਹਾਇਤਾ ਦਿੱਤੀ ਜਾ ਸਕਦੀ ਹੈ।

# ਸੂਬਾ ਵਾਸੀਆਂ ਦੇ ਸਿਹਤ-ਸੰਭਾਲ ਖ਼ਰਚਿਆਂ ਵਿਚ 2000 ਕਰੋੜ ਰੁਪਏ ਦੀ ਕਟੌਤੀ ਹੋਈ-ਡਾ. ਬਲਬੀਰ ਸਿੰਘ-

ਚੰਡੀਗੜ੍ਹ, 19 ਅਕਤੂਬਰ (ਅਜੀਤ ਬਿਊਰੋ)- ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਵਿਚ ਮੁੱਢਲੀ ਸਿਹਤ ਸੰਭਾਲ ਨੂੰ ਹੋਰ ਮਜ਼ਬੂਤ ਕਰਨ ਲਈ ਸ਼ੁਰੂ ਕੀਤੇ 'ਆਮ ਆਦਮੀ ਕਲੀਨਿਕ' ਪ੍ਰੋਜੈਕਟ ਨੇ ਇੱਕ ਹੋਰ ਮਹੱਤਵਪੂਰਨ ਮੀਲ ਪੱਥਰ ਸਥਾਪਤ ਕਰਦਿਆਂ ਸਿਰਫ਼ ਤਿੰਨ ਸਾਲਾਂ ਵਿਚ ਆਊਟਪੇਸ਼ੈਂਟ ਵਿਭਾਗ (ਓਪੀਡੀ) ਵਿਚ ਆਉਣ ਵਾਲੇ ਮਰੀਜ਼ਾਂ ਨੇ 4.20 ਕਰੋੜ ਅਤੇ ਲੈਬ ਟੈੱਸਟ ਕੀਤੇ ਗਏ 2.29 ਕਰੋੜ ਟੈੱਸਟਾਂ ਨੇ ਬੇਮਿਸਾਲ ਅੰਕੜੇ ਨੂੰ ਪਾਰ ਕਰ ਲਿਆ ਹੈ। ਅੱਜ ਇੱਥੇ ਇਸ ਬਾਰੇ ਵੇਰਵੇ ਸਾਂਝੇ ਕਰਦਿਆਂ ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਦੱਸਿਆ ਕਿ 15 ਅਗਸਤ, 2022 ਤੋਂ ਹੁਣ ਤੱਕ ਸੂਬੇ ਵਿਚ 4.20 ਕਰੋੜ ਤੋਂ ਵੱਧ ਵਿਅਕਤੀਆਂ ਨੇ 881 ਆਮ ਆਦਮੀ ਕਲੀਨਿਕਾਂ ਤੋਂ ਮੁਫ਼ਤ ਇਲਾਜ ਪ੍ਰਾਪਤ ਕੀਤਾ ਹੈ। ਜ਼ਿਕਰਯੋਗ ਹੈ ਕਿ ਸ਼ਹਿਰੀ ਖੇਤਰਾਂ ਵਿਚ 316 ਅਤੇ ਪੇਂਡੂ ਖੇਤਰਾਂ ਵਿਚ 565 ਸਮੇਤ ਸੂਬੇ ਵਿਚ ਕੁੱਲ 881 ਆਮ ਆਦਮੀ ਕਲੀਨਿਕ ਕਾਰਜਸ਼ੀਲ ਹਨ ਜਿਨ੍ਹਾਂ ਵਿਚ ਮੁਫ਼ਤ ਇਲਾਜ ਪ੍ਰਦਾਨ ਕੀਤਾ ਜਾ ਰਿਹਾ ਹੈ। ਇਸ ਤੋਂ ਇਲਾਵਾ 107 ਕਿਸਮਾਂ ਦੀਆਂ ਮੁਫ਼ਤ ਦਵਾਈਆਂ ਅਤੇ 47 ਕਿਸਮਾਂ ਦੇ ਮੁਫ਼ਤ ਡਾਇਗਨੌਸਟਿਕ ਟੈੱਸਟਾਂ ਦੀ ਸਹੂਲਤ ਵੀ ਦਿੱਤੀ ਜਾ ਰਹੀ ਹੈ। ਡਾ. ਬਲਬੀਰ ਸਿੰਘ ਨੇ ਸਾਰੀਆਂ 107 ਕਿਸਮਾਂ ਦੀਆਂ ਜ਼ਰੂਰੀ ਦਵਾਈਆਂ ਦੀ ਉਪਲਬਧਤਾ ਨੂੰ ਯਕੀਨੀ ਬਣਾਉਣ ਲਈ ਵਿਭਾਗ ਦੀ ਵਚਨਬੱਧਤਾ ਨੂੰ ਦੁਹਰਾਇਆ। ਆਮ ਆਦਮੀ ਕਲੀਨਿਕਾਂ ਵਿਚ ਆਉਣ ਵਾਲੇ ਲੋਕਾਂ ਦੀ ਗਿਣਤੀ ਬਾਰੇ ਜਾਣਕਾਰੀ ਦਿੰਦਿਆਂ ਡਾ. ਬਲਬੀਰ ਸਿੰਘ ਨੇ ਦੱਸਿਆ ਕਿ ਇਹਨਾਂ ਕਲੀਨਿਕਾਂ ਵਿਚ ਰੋਜ਼ਾਨਾ ਲਗਭਗ 73,000 ਮਰੀਜ਼ਾਂ ਨੂੰ ਇਲਾਜ ਦੀ ਸਹੂਲਤ ਪ੍ਰਦਾਨ ਕਰ ਰਹੇ ਹਨ ਅਤੇ ਹਰ ਕਲੀਨਿਕ ਵਿਚ ਔਸਤਨ 83 ਮਰੀਜ਼ ਰੋਜ਼ਾਨਾ ਆਉਂਦੇ ਹਨ।

ਸਿਹਤ ਮੰਤਰੀ ਨੇ ਕਿਹਾ ਕਿ 4.20 ਕਰੋੜ ਵਿਅਕਤੀਆਂ ਵਿੱਚੋਂ 1.50 ਕਰੋੜ ਵਿਅਕਤੀਆਂ ਨੇ ਵਿਸ਼ੇਸ਼ ਵਿਜ਼ਟ ਕੀਤਾ, ਜੋ ਕਲੀਨਿਕਾਂ ਦੀ ਵਿਆਪਕ ਪਹੁੰਚਯੋਗਤਾ ਨੂੰ ਦਰਸਾਉਂਦਾ ਹੈ, ਜਦੋਂ ਕਿ 2.7 ਕਰੋੜ ਮਰੀਜ਼ਾਂ ਨੇ ਦੁਬਾਰਾ ਵਿਜ਼ਟ ਕੀਤਾ, ਜੋ ਮਰੀਜ਼ਾਂ ਦੇ ਵਿਸ਼ਵਾਸ ਅਤੇ ਸੰਤੁਸ਼ਟੀ ਨੂੰ ਦਰਸਾਉਂਦੀਆਂ ਹਨ। ਉਨ੍ਹਾਂ ਅੱਗੇ ਦੱਸਿਆ ਕਿ ਇਹਨਾਂ ਕਲੀਨਿਕਾਂ ਨੇ ਵਿਅਕਤੀਆਂ ਲਈ ਸਿਹਤ ਸੰਭਾਲ ਖ਼ਰਚਿਆਂ ਨੂੰ 2000 ਕਰੋੜ ਰੁਪਏ ਦੀ ਵੱਡੀ ਰਕਮ ਘਟਾਉਣ ਵਿਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ।

# ਚੰਡੀਗੜ੍ਹ ਦੇ ਪਟਿਆਲਾ ਦੀ ਰਾਓ 'ਚੋਂ ਨੌਜਵਾਨ ਦੀ ਲਾਸ਼ ਬਰਾਮਦ, ਪੁਲਿਸ ਵਲੋਂ ਜਾਂਚ ਸ਼ੁਰੂ

ਚੰਡੀਗੜ੍ਹ, 19 ਅਕਤੂਬਰ (ਕਪਿਲ ਵਧਵਾ)-ਚੰਡੀਗੜ੍ਹ ਵਿਚ ਪਟਿਆਲਾ ਦੀ ਰਾਓ 'ਚੋਂ ਐਤਵਾਰ ਸਵੇਰ ਇਕ ਨੌਜਵਾਨ ਦੀ ਲਾਸ਼ ਮਿਲਣ ਨਾਲ ਖੇਤਰ 'ਚ ਹੜਕੰਪ ਮਚ ਗਿਆ। ਸੂਚਨਾ ਮਿਲਦਿਆਂ ਹੀ ਥਾਣਾ ਸਾਰੰਗਪੁਰ ਦੀ ਪੁਲਿਸ ਮੌਕੇ 'ਤੇ ਪਹੁੰਚੀ ਤੇ ਲਾਸ਼ ਨੂੰ ਕਬਜ਼ੇ 'ਚ ਲੈ ਕੇ ਸੈਕਟਰ-16 ਵਿਖੇ ਸਥਿਤ ਸਰਕਾਰੀ ਹਸਪਤਾਲ ਦੇ ਮੁਰਦਾਘਰ 'ਚ ਰੱਖਵਾ ਦਿੱਤਾ ਹੈ। ਪੁਲਿਸ ਅਨੁਸਾਰ ਮ੍ਰਿਤਕ ਦੀ ਪਛਾਣ ਆਕਾਸ਼ ਵਜੋਂ ਹੋਈ ਹੈ, ਜੋ ਪੇਸ਼ੇ ਨਾਲ ਵੈਲਡਿੰਗ ਦਾ ਕੰਮ ਕਰਦਾ ਸੀ। ਆਕਾਸ਼ ਦੀ ਭੈਣ ਨੇ ਸ਼ੁੱਕਰਵਾਰ ਨੂੰ ਪੁਲਿਸ ਥਾਣੇ 'ਚ ਉਸ ਦੀ ਗੁੰਮਸ਼ੁਦਾ ਹੋਣ ਦੀ ਰਿਪੋਰਟ ਦਰਜ ਕਰਵਾਈ ਸੀ ਕਿ ਉਸ ਦਾ ਭਰਾ ਕਈ ਦਿਨਾਂ ਤੋਂ ਘਰ ਨਹੀਂ ਆ ਰਿਹਾ। ਐਤਵਾਰ ਨੂੰ ਉਸ ਦੀ ਲਾਸ਼ ਲੇਕ ਦੇ ਪਾਣੀ 'ਚ ਤੈਰਦੀ ਮਿਲੀ। ਪਰਿਵਾਰ ਵਲੋਂ ਸਹਿਮਤੀ ਦੇਣ 'ਤੇ ਹੀ ਕੱਲ੍ਹ ਜਾਂ ਪਰਸੋ ਲਾਸ਼ ਦਾ ਪੋਸਟਮਾਰਟਮ ਕਰਵਾਇਆ ਜਾਵੇਗਾ। ਸ਼ੁਰੂਆਤੀ ਜਾਂਚ 'ਚ ਨਾ ਕੋਈ ਸੁਸਾਈਡ ਨੋਟ ਮਿਲਿਆ ਤੇ ਨਾ ਹੀ ਅਜਿਹਾ ਕੋਈ ਸੁਰਾਗ ਹੱਥ ਲੱਗਿਆ ਜਿਸ ਨਾਲ ਖੁਦਕੁਸ਼ੀ ਜਾਂ ਕਤਲ ਹੋਣ ਦੀ ਪੁਸ਼ਟੀ ਹੋ ਸਕੇ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਲਾਸ਼ ਕਈ ਦਿਨ ਪੁਰਾਣੀ ਲੱਗ ਰਹੀ ਸੀ ਤੇ ਪਾਣੀ ਨਾਲ ਭਰ ਕੇ ਲਾਸ਼ ਫੁੱਲਣ ਕਰਨ ਤੈਰਨ ਲੱਗ ਗਈ ਸੀ। ਮੌਤ ਦੇ ਅਸਲੀ ਕਾਰਨ ਦਾ ਪਤਾ ਪੋਸਟਮਾਰਟਮ ਰਿਪੋਰਟ ਆਉਣ ਤੋਂ ਬਾਅਦ ਹੀ ਲੱਗ ਸਕੇਗਾ। ਪੁਲਿਸ ਨੇ ਦੱਸਿਆ ਕਿ ਮ੍ਰਿਤਕ ਦਾ ਮੋਬਾਈਲ ਫ਼ੋਨ ਅਜੇ ਬਰਾਮਦ ਨਹੀਂ ਹੋਇਆ ਹੈ। ਜਿਸ ਲਈ ਉਸ ਦੀ ਕਾਲ ਡੀਟੇਲ ਖੰਗਾਲੀ ਜਾ ਰਹੀ ਹੈ ਤਾਂ ਜੋ ਪਤਾ ਲੱਗ ਸਕੇ ਕਿ ਘਰੋਂ ਨਿਕਲਣ ਤੋਂ ਬਾਅਦ ਉਸ ਨੇ ਕਿਨ੍ਹਾਂ ਵਿਅਕਤੀਆਂ ਨਾਲ ਸੰਪਰਕ ਕੀਤਾ ਸੀ। ਇਸ ਦੇ ਨਾਲ ਪੁਲਿਸ ਆਲੇ-ਦੁਆਲੇ ਲਗੇ ਸੀ. ਸੀ. ਟੀ. ਵੀ. ਕੈਮਰਿਆਂ ਦੀ ਫੁਟੇਜ ਦੀ ਜਾਂਚ ਕਰ ਰਹੀ ਹੈ ਤਾਂ ਜੋ ਪਤਾ ਲੱਗ ਸਕੇ ਕਿ ਆਕਾਸ਼ ਲੇਕ ਤੱਕ ਕਿਵੇਂ ਪਹੁੰਚਿਆ। ਪੁਲਿਸ ਦਾ ਕਹਿਣਾ ਹੈ ਕਿ ਪੋਸਟਮਾਰਟਮ ਰਿਪੋਰਟ ਤੇ ਇਲੈਕਟ੍ਰੌਨਿਕ ਸਬੂਤਾਂ ਦੇ ਆਧਾਰ 'ਤੇ ਹੀ ਅੱਗੇ ਦੀ ਕਾਰਵਾਈ ਕੀਤੀ ਜਾਵੇਗੀ।

## ਜਨਮ ਦਿਨ ਮੁਬਾਰਕ



**ਨਿਰਵੈਰ ਸਿੰਘ**
ਪਿਤਾ : ਗੁਰਤੇਜ ਸਿੰਘ
ਮਾਤਾ : ਪ੍ਰਭਜੀਤ ਕੌਰ
ਚੰਡੀਗੜ੍ਹ







ਸੰਪਾਦਕ-ਰਾਜਿੰਦਰ ਸਿੰਘ। ਸ੍ਰੀਮਤੀ ਪ੍ਰਕਾਸ਼ ਕੌਰ ਹਮਦਰਦ, ਪ੍ਰਿੰਟਰ, ਪਬਲਿਸ਼ਰ ਤੇ ਸੈਕਟਰੀ ਟਰੱਸਟ ਨੇ ਸਾਧੂ ਸਿੰਘ ਹਮਦਰਦ ਟਰੱਸਟ ਲਈ ਡੇਲੀ ਅਜੀਤ ਪ੍ਰਿੰਟਰਜ਼, ਡੀ. 219, ਇੰਡਸਟਰੀਅਲ ਏਰੀਆ, ਫੇਸ 8 ਬੀ., ਸੈਕਟਰ 74, ਮੁਹਾਲੀ ਤੋਂ ਛਪਵਾ ਕੇ ਐਸ.ਸੀ.ਓ. 12 ਸੈਕਟਰ 21 ਸੀ. ਚੰਡੀਗੜ੍ਹ ਤੋਂ ਪ੍ਰਕਾਸ਼ਤ ਕੀਤਾ।
ਆਰ. ਐਨ. ਆਈ. ਰਜਿਸਟ੍ਰੇਸ਼ਨ ਨੰ: CHAPUN/2015/59762

Editor- Rajinder Singh. Printer, Publisher and Secretary Smt. Parkash Kaur Hamdard. Printed for Sadhu Singh Hamdard Trust at Daily Ajit Printers, D-219, Industrial area, Phase 8-B, Sector-74, Mohali and Published from SCO 12, Sector 21-C Chandigarh RNI Regd. No:- CHAPUN/2015/59762